# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 09-03-2026**

ਪੱਛਮੀ ਏਸ਼ੀਆ ਵਿੱਚ ਚੱਲ ਰਹੀ ਸਥਿਤੀ ਦੇ ਕਾਰਨ, ਕਈ ਖੇਤਰਾਂ ਵਿੱਚ ਉਡਾਣ ਸੰਚਾਲਨ ਪ੍ਰਭਾਵਿਤ ਹੋਇਆ ਏ। ਸਿਵਲ ਹਵਾਬਾਜ਼ੀ ਮੰਤਰਾਲੇ ਵੱਲੋਂ ਯਾਤਰੀਆਂ ਨੂੰ ਸਲਾਹ ਦਿੱਤੀ ਗਈ ਏ ਕਿ ਉਹ ਉਡਾਣ ਸਬੰਧੀ ਤਾਜ਼ਾ ਜਾਣਕਾਰੀ ਹਾਸਲ ਕਰਨ ਲਈ ਆਪਣੀਆਂ ਸਬੰਧਤ ਏਅਰਲਾਈਨਾਂ ਦੁਆਰਾ ਆਪਣੇ ਰਜਿਸਟਰਡ ਸੰਪਰਕ ਵੇਰਵਿਆਂ ਰਾਹੀਂ ਸਾਂਝੇ ਕੀਤੀ ਗਈ ਜਾਣਕਾਰੀ ਵੱਲ ਧਿਆਨ ਦੇਣ। ਯਾਤਰੀਆਂ ਨੂੰ ਲੋੜ ਪੈਣ ਤੇ ਮੰਤਰਾਲੇ ਦੇ ਯਾਤਰੀ ਸਹਾਇਤਾ ਕੰਟਰੋਲ ਰੂਮ (PACR) ਨਾਲ ਹੈਲਪਲਾਈਨ ਨੰਬਰਾਂ 011-24-60-42-83 ਜਾਂ 011-246-329-87 'ਤੇ ਸੰਪਰਕ ਕਰਨ ਲਈ ਕਿਹਾ ਗਿਆ ਏ।

---

ਉਧਰ ਪੰਜਾਬ ਸਰਕਾਰ ਨੇ ਵੀ ਅਮਰੀਕਾ-ਇਜ਼ਰਾਈਲ-ਈਰਾਨ ਦੇ ਚੱਲ ਰਹੇ ਟਕਰਾਅ ਕਾਰਨ ਮੱਧ ਏਸ਼ੀਆ ਅਤੇ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਸਹਾਇਤਾ ਲਈ 24 ਘੰਟੇ ਚਲਣ ਵਾਲੀ ਹੈਲਪਲਾਈਨ

ਸ਼ੁਰੂ ਕੀਤੀ ਏ। ਇਹ ਹੈਲਪਲਾਈਨ ਸੇਵਾ ਮਾਰਗਦਰਸ਼ਨ, ਜਾਣਕਾਰੀ ਇਕੱਠੀ ਕਰਨ ਅਤੇ ਸਬੰਧਤ ਅਧਿਕਾਰੀਆਂ ਨਾਲ ਲੋਕਾਂ ਨੂੰ ਸੁਰਖਿਅਤ ਕਢਣ ਅਤੇ ਸਹਾਇਤਾ ਲਈ ਤਾਲਮੇਲ ਪ੍ਰਦਾਨ ਕਰੇਗੀ। ਚੰਡੀਗੜ੍ਹ ਸਥਿਤ ਇਸ ਹੈਲਪਲਾਈਨ ਦੇ ਨੰਬਰ ਨੇ: 0-17-222-600-42 ਅਤੇ 0-17-222-600-43

ਇਹ ਨੰਬਰ ਵਿਦੇਸ਼ਾਂ ਤੋਂ ਡਾਇਲ ਕੀਤੇ ਜਾ ਸਕਦੇ ਨੇ. ਤੁਰੰਤ ਸਹਾਇਤਾ ਅਤੇ ਤਾਲਮੇਲ ਲੈਣ ਲਈ ਭਾਰਤ ਦੇ ਅੰਦਰੋਂ ਚਾਰ-ਅੰਕਾਂ ਵਾਲਾ ਹੈਲਪਲਾਈਨ ਨੰਬਰ - 1100 - ਡਾਇਲ ਕੀਤਾ ਜਾ ਸਕਦਾ ਏ।

---------------------------------------------------------------

ਕੱਲ੍ਹ ਪੰਜਾਬ ਵਿਧਾਨ ਸਭਾ ਵਿੱਚ ਖਜ਼ਾਨਾ ਮੰਤਰੀ ਹਰਪਾਲ ਚੀਮਾ ਵੱਲੋਂ ਬਜਟ ਪੇਸ਼ ਕੀਤੇ ਜਾਣ ਤੋਂ ਬਾਅਦ 11 ਦਿਨਾਂ ਦਾ ਪੰਜਾਬ ਬਜਟ ਸੈਸ਼ਨ ਅੱਜ ਮੁੜ ਸ਼ੁਰੂ ਹੋਇਆ। ਇਸ ਸਮੇਂ ਸੈਸ਼ਨ ਜਾਰੀ ਏ। ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਕੱਲ੍ਹ ਪੇਸ਼ ਕੀਤੇ ਗਏ ਬਜਟ ਨੂੰ ਸੂਬੇ ਦੇ ਇਤਿਹਾਸ ਦਾ ਇੱਕ "ਸੁਨਹਿਰੀ ਅਧਿਆਇ" ਦੱਸਿਆ, ਜੋ ਔਰਤਾਂ ਦੇ ਸਸ਼ਕਤੀਕਰਨ ਨੂੰ ਸਮਰਪਿਤ ਏ।

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਏ ਬਜਟ ਵਿੱਚ ਸਨਅਤੀ ਖੇਤਰ ਦਾ ਖਾਸ ਖਿਆਲ ਰੱਖਿਆ ਏ, ਜਿਸ ਦਾ ਉਦੇਸ਼ ਆਉਣ ਵਾਲੇ ਸਮੇਂ ਵਿੱਚ ਇਸ ਸੈਕਟਰ ਦੇ ਵੱਧ ਤੋਂ ਵੱਧ ਵਿਕਾਸ ਨੂੰ ਯਕੀਨੀ ਬਣਾਉਣਾ ਏ। ਜਲ ਸਰੋਤ ਅਤੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਬਜਟ ਵਿੱਚ ਪੇਸ਼ ਕੀਤੀ ਗਈ ਭਵਿੱਖੀ ਰੂਪ-ਰੇਖਾ ਸਿੰਚਾਈ ਸੁਧਾਰਾਂ ਨੂੰ ਹੋਰ ਮਜ਼ਬੂਤੀ ਦੇਣ ਅਤੇ ਮਾਈਨਿੰਗ ਸੈਕਟਰ ‘ਚ ਪਾਰਦਰਸ਼ਤਾ ਅਤੇ ਕੁਸ਼ਲਤਾ ਲਿਆਉਣ ਲਈ ਵਧੇਰੇ ਮਹੱਤਵਪੂਰਨ ਸਿੱਧ ਹੋਵੇਗੀ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਬਜਟ ਨੂੰ ਪ੍ਰਗਤੀਸ਼ੀਲ, ਦੂਰਦਅੰਦੇਸ਼ ਅਤੇ ਲੋਕਪੱਖੀ ਕਰਾਰ ਦਿੱਤਾ ਏ। ਉਨ੍ਹਾਂ ਕਿਹਾ ਕਿ ਬਜਟ ’ਚ ਕੀਤੇ ਉਪਬੰਧਾਂ ਨਾਲ ਜਿੱਥੇ ਪੀਣ ਵਾਲੇ ਪਾਣੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ, ਉਥੇ ਸੂਬੇ ਭਰ ਵਿੱਚ ਪਾਰਦਰਸ਼ੀ ਸ਼ਾਸਨ ਵਧੇਰੇ ਯਕੀਨੀ ਬਣੇਗਾ। ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਖੇਤੀਬਾੜੀ ਅਰਥਵਿਵਸਥਾ ਦੀ ਮਜ਼ਬੂਤੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੀ ਸ਼ਲਾਘਾ ਕਰਦਿਆਂ ਬਜਟ ਨੂੰ ਕਿਸਾਨ ਭਾਈਚਾਰੇ ਦੀ ਖੁਸ਼ਹਾਲੀ ਦਾ ਦਸਤਾਵੇਜ਼ ਦੱਸਿਆ ਏ।

---------------------------------------------------------

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਪੰਜਾਬ ਸਰਕਾਰ

ਵੱਲੋਂ ਆਪਣੇ ਬਜਟ ਵਿੱਚ ਔਰਤਾਂ ਨੂੰ ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੇ ਕੀਤੇ ਐਲਾਨ 'ਤੇ ਸਵਾਲ ਚੁੱਕੇ ਨੇ। ਕੱਲ੍ਹ ਲੁਧਿਆਣਾ ਵਿੱਚ ਮੀਡੀਆ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੋਸ਼ ਲਾਇਆ ਕਿ ਇਹ ਐਲਾਨ 'ਆਪ' ਸਰਕਾਰ ਦੇ ਕਾਰਜਕਾਲ ਦੇ ਆਖਰੀ ਪੜਾਅ ਦਾ ਇੱਕ ਮਜ਼ਾਕ ਏ ਜੋ ਅਸਲ ਵਿੱਚ 'ਆਪ' ਸਰਕਾਰ ਦੇ ਪੰਜਾਬ ਵਿੱਚ ਸੱਤਾ ਵਿੱਚ ਆਉਣ 'ਤੇ ਐਲਾਨਿਆ ਗਿਆ ਸੀ। ਉਨ੍ਹਾਂ ਸਰਕਾਰ ਨੂੰ ਪੂਰੇ ਪੰਜ ਸਾਲਾਂ ਲਈ ਔਰਤਾਂ ਨੂੰ 60 ਹਜ਼ਾਰ ਰੁਪਏ ਦੇਣ ਲਈ ਕਿਹਾ। ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਵੀ ਸੂਬਾ ਸਰਕਾਰ ਵੱਲੋਂ ਪੇਸ਼ ਕੀਤੇ ਗਏ ਪੰਜਾਬ ਬਜਟ 2026-27 ਦੀ ਸਖ਼ਤ ਨਿਖੇਧੀ ਕੀਤੀ ਏ। ਉਨ੍ਹਾਂ 2.60 ਲੱਖ ਕਰੋੜ ਰੁਪਏ ਦੇ ਬਜਟ ਨੂੰ ਪੂਰੀ ਤਰ੍ਹਾਂ ਦਿਸ਼ਾਹੀਣ, ਲੋਕ ਵਿਰੋਧੀ ਅਤੇ ਸਿਰਫ਼ ਅੰਕੜਿਆਂ 'ਤੇ ਖੇਡ ਦੱਸਿਆ। ਉਧਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਸ ਸਾਲ 52 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਲੈ ਲਿਆ ਏ ਤੇ ਇਲਜ਼ਾਮ ਲਾਇਆ ਕਿ ਉਹ ਔਰਤਾਂ ਨੂੰ ਇਕ-ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਵਾਸਤੇ ਸਰਕਾਰੀ ਜ਼ਮੀਨਾਂ ਵੇਚਣਾ ਚਾਹੁੰਦੀ ਏ। ਮੌੜ ਅਨਾਜ ਮੰਡੀ ਵਿਚ ਕੱਲ੍ਹ ਇਕ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੀ ਬਾਦਲ ਨੇ ਕਿਹਾ ਕਿ ਜੇਕਰ ਆਪ ਸਰਕਾਰ ਸੂਬੇ ਦੀਆਂ ਔਰਤਾਂ ਲਈ ਕੁਝ ਕਰਨਾ ਚਾਹੁੰਦੀ

ਤਾਂ ਇਸ ਨੂੰ ਸਰਕਾਰ ਬਣਨ ਤੋਂ ਬਾਅਦ ਹੀ ਔਰਤਾਂ ਵਾਸਤੇ ਇਹ ਪੈਸਾ ਅਲਾਟ ਕਰਨਾ ਚਾਹੀਦਾ ਸੀ। ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬਜਟ ਸੂਬੇ ਨੂੰ ਹੋਰ ਗਹਿਰੇ ਕਰਜ਼ੇ ਦੇ ਸੰਕਟ ਵਿੱਚ ਧੱਕ ਦੇਵੇਗਾ। ਉਨ੍ਹਾਂ ਸਵਾਲ ਕੀਤਾ ਕਿ ਬਜਟ ਵਿੱਚ ਕੀਤੇ ਗਏ ਵਾਅਦੇ ਪੂਰੇ ਕਰਨ ਲਈ ਪੈਸਾ ਕਿੱਥੋਂ ਆਵੇਗਾ। ਉਨ੍ਹਾਂ ਕਿਹਾ ਕਿ ਖਜ਼ਾਨਾ ਮੰਤਰੀ ਖੁਦ ਮੰਨ ਚੁੱਕੇ ਨੇ ਕਿ ਸੂਬੇ ‘ਤੇ ਕਰਜ਼ਾ 4.59 ਲੱਖ ਕਰੋੜ ਰੁਪਏ ਨੂੰ ਪਾਰ ਕਰ ਜਾਵੇਗਾ ਅਤੇ ਹਕੀਕਤ ਵਿੱਚ ਅਗਲੇ ਮਾਲੀ ਸਾਲ ਦੇ ਅੰਤ ਤੱਕ ਇਹ 5 ਲੱਖ ਕਰੋੜ ਰੁਪਏ ਤੱਕ ਪਹੁੰਚ ਸਕਦਾ ਏ।

-----------------------------------------------------

ਭਾਰਤ ਨੇ ਤੀਜੀ ਵਾਰ ICC T-ਟਵੈਂਟੀ ਕ੍ਰਿਕਟ ਵਿਸ਼ਵ ਕੱਪ ਜਿੱਤ ਕੇ ਇਤਿਹਾਸ ਰਚਿਆ। ਭਾਰਤ ਨੇ ਲਗਾਤਾਰ ਦੋ ਵਾਰ T-ਟਵੈਂਟੀ  ਵਿਸ਼ਵ ਕੱਪ ਜਿੱਤਣ ਦਾ ਮਾਣ ਵੀ ਹਾਸਲ ਕੀਤਾ। ਕੱਲ੍ਹ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਖੇਡੇ ਗਏ ਫਾਈਨਲ ਮੈਚ ਵਿੱਚ ਭਾਰਤ ਨੇ ਨਿਊਜ਼ੀਲੈਂਡ ਨੂੰ 96 ਦੌੜਾਂ ਨਾਲ ਹਰਾ ਕੇ ਇਹ ਖਿਤਾਬ ਜਿੱਤਿਆ ਏ। ਜਸਪ੍ਰੀਤ ਬੁਮਰਾਹ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 4 ਵਿਕਟਾਂ ਲਈਆਂ ਅਤੇ ਊਨਾ ਨੂੰ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ। ਸੰਜੂ

ਸੈਮਸਨ ਨੂੰ 'ਪਲੇਅਰ ਆਫ਼ ਦ ਟੂਰਨਾਮੈਂਟ' ਚੁਣਿਆ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਟੀਮ ਨੂੰ ਆਈਸੀਸੀ ਟਵੈਂਟੀ -20 ਕ੍ਰਿਕਟ ਵਿਸ਼ਵ ਕੱਪ ਜਿੱਤਣ 'ਤੇ ਵਧਾਈ ਦਿੱਤੀ ਏ। ਰਾਜ ਸਭਾ ਤੇ ਲੋਕ ਸਭਾ ਨੇ ਭਾਰਤੀ ਕ੍ਰਿਕਟ ਟੀਮ ਨੂੰ ਇਹ ਖਿਤਾਬ ਜਿੱਤਣ 'ਤੇ ਵਧਾਈ ਦਿੱਤੀ ਏ। ਰਾਜ ਸਭਾ ਦੇ ਚੇਅਰਮੈਨ ਸੀ. ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਇਹ ਜਿੱਤ ਭਾਰਤ ਦਾ ਤੀਜਾ ਟੀ-20 ਵਿਸ਼ਵ ਕੱਪ ਏ ਅਤੇ ਇਹ ਲਗਾਤਾਰ ਇੱਕ ਖਿਤਾਬ ਵੀ ਹੈ ਜਿਸ ਵਿੱਚ ਭਾਰਤ ਨੇ ਪਿਛਲਾ ਐਡੀਸ਼ਨ ਵੀ ਜਿੱਤਿਆ ਸੀ।

ਉਨ੍ਹਾਂ ਕਿਹਾ

Byte

--------------------------------------------------------